## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ
(ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ ਫੇਜ਼-8 ਐਸ.ਏ.ਐਸ. ਨਗਰ)

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.),
ਪੰਜਾਬ।

ਮੀਮੋ ਨੰ:-10/6-2014 ਅ-2 (5)
ਮਿਤੀ : 18-06-2014

ਵਿਸ਼ਾ :- ਸਾਲ 2014-15 ਦੌਰਾਨ ਸਿੱਖਿਆ ਵਿਭਾਗ ਵਿੱਚ ਬਦਲੀਆਂ ਸਬੰਧੀ ਹਦਾਇਤਾਂ।

ਉਪਰੋਕਤ ਵਿਸ਼ੇ ਸਬੰਧੀ ਦਫ਼ਤਰ ਦੇ ਹੁਕਮ ਨੰ: ਸਟੈਨੋ/ਡੀ.ਡੀ.ਐਸ.ਏ./ਬਦਲੀ/ਸਪੈਸ਼ਲ-1 ਮਿਤੀ 16-05-2014 ਰਾਹੀਂ ਸਿੱਖਿਆ ਵਿਭਾਗ ਦੀਆਂ ਬਦਲੀਆਂ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆ ਸਨ, ਜਿਸ ਵਿੱਚ ਬਦਲੀ ਲਈ ਮੌਜੂਦਾ ਸਟੇਸ਼ਨ ਤੇ ਤਿੰਨ ਸਾਲ ਦੀ ਠਹਿਰ ਦੀ ਸ਼ਰਤ ਲਗਾਈ ਗਈ ਸੀ। ਹੁਣ ਸਰਕਾਰ ਵੱਲੋਂ ਇਸ ਮਾਮਲੇ ਤੇ ਮੁੜ ਵਿਚਾਰ ਕਰਨ ਉਪਰੰਤ ਫੈਸਲਾ ਕੀਤਾ ਗਿਆ ਹੈ ਕਿ ਬਾਰਡਰ, ਬੇਟ, ਕੰਡੀ, ਸੇਮ ਏਰੀਆ (ਸਰਕਾਰ ਦੁਆਰਾ ਨੋਟੀਫਿਕੇਸ਼ਨ ਅਨੁਸਾਰ) ਵਿੱਚ ਜਿਹੜੇ ਸਕੂਲਾਂ ਵਿੱਚ 50% ਤੋਂ ਵੱਧ ਅਸਾਮੀਆਂ ਖਾਲੀ ਹਨ, ਉਨ੍ਹਾਂ ਸਕੂਲਾਂ ਵਿੱਚ ਬਦਲੀ ਕਰਵਾਉਣ ਲਈ ਚਾਹਵਾਨ ਕਰਮਚਾਰੀਆਂ ਨੂੰ ਤਿੰਨ ਸਾਲ ਦੀ ਠਹਿਰ ਦੀ ਸ਼ਰਤ ਤੋਂ ਛੋਟ ਦਿੱਤੀ ਜਾਂਦੀ ਹੈ।

ਇਸ ਦੇ ਨਾਲ ਹੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.) ਕੋਲ ਬਦਲੀਆਂ ਸਬੰਧੀ ਅਰਜ਼ੀਆਂ ਦੇਣ ਦੀ ਮਿਤੀ 24-06-2014 ਤੱਕ ਨਿਸ਼ਚਿਤ ਕੀਤੀ ਜਾਂਦੀ ਹੈ। ਬਦਲੀਆਂ ਸਬੰਧੀ ਬਾਕੀ ਸ਼ਰਤਾਂ ਮਿਤੀ 16-05-2014 ਰਾਹੀਂ ਜਾਰੀ ਹਦਾਇਤਾਂ ਅਨੁਸਾਰ ਹੀ ਰਹਿਣਗੀਆਂ। ਅੰਤਰ ਜ਼ਿਲ੍ਹਾ ਬਦਲੀਆਂ ਲਈ ਬਿਨੈ ਪੱਤਰ ਦੇਣ ਦੀ ਮਿਤੀ ਬਾਅਦ ਵਿੱਚ ਨਿਸ਼ਚਿਤ ਕੀਤੀ ਜਾਵੇਗੀ।

18/6

ਸੁਪਰਡੈਂਟ ਅਮਲਾ-2

ਪਿੱਠ ਅੰਕਣ ਨੰ:- ਉਕਤ
ਮਿਤੀ :- 18-06-2014

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ :-

1. ਨਿੱਜੀ ਸਕੱਤਰ/ ਸਿੱਖਿਆ ਮੰਤਰੀ ਜੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ।
3. ਨਿੱਜੀ ਸਹਾਇਕ/ਡੀ.ਪੀ.ਆਈ. (ਸੈ.ਸਿ.), ਪੰਜਾਬ।
4. ਨਿੱਜੀ ਸਹਾਇਕ/ਡੀ.ਪੀ.ਆਈ. (ਐ.ਸਿ.) ਪੰਜਾਬ ।
5. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।

18/6

ਸੁਪਰਡੈਂਟ ਅਮਲਾ-2